# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-02-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਆਪਣੇ' ਮਨ ਕੀ ਬਾਤ 'ਪ੍ਰੋਗਰਾਮ ਰਾਹੀਂ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ -ਕਿਹਾ ਭਾਰਤ ਆਰਟੀਫਿਸ਼ਲ ਇੰਟੈਲੀਜੈਂਸ ਦੇ ਖੇਤਰ ਵਿੱਚ ਤੇਜ਼ੀ ਨਾਲ ਆਪਣੀ ਪਛਾਣ ਬਣਾ ਰਿਹਾ ਏ।
- ਪ੍ਰਧਾਨ ਮੰਤਰੀ ਨੇ ਕਿਹਾ -ਹਰ ਖੇਤਰ ਵਿੱਚ ਮਹਿਲਾਵਾਂ ਦਾ ਯੋਗਦਾਨ ਜ਼ਿਕਰਯੋਗ ਏ ।
- ਤਰਨਤਾਰਨ, ਡੇਰਾ ਬਾਬਾ ਨਾਨਕ ਅਤੇ ਤਲਵਾੜਾ ਵਿਚ ਨਗਰ ਕੌਂਸਲਾਂ ਦੀਆਂ ਆਮ ਚੋਣਾਂ ਲਈ ਕੁੱਲ 191 ਉਮੀਦਵਾਰ ਚੋਣ ਮੈਦਾਨ ‘ਚ।

- ਪੰਜਾਬ ਤੋਂ ਅੰਤਰ-ਰਾਸ਼ਟਰੀ ਪਰਵਾਸ ਅਤੇ ਅਮਰੀਕਾ ਤੋਂ ਮਜ਼ਦੂਰਾਂ ਦੇ ਦੇਸ਼ ਨਿਕਾਲੇ 'ਤੇ ਕੇਂਦਰਿਤ ਦੋ ਰੋਜ਼ਾ ਸੈਮੀਨਾਰ ਅੱਜ ਐਨ.ਆਰ.ਆਈ ਸਭਾ ਜਲੰਧਰ ਵਿਖੇ ਸਮਾਪਤ ਹੋ ਗਿਆ।
- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੋਰਡ ਪ੍ਰੀਖਿਆਵਾਂ ਵਿੱਚ ਨਕਲ ਨੂੰ ਪੂਰੀ ਤਰ੍ਹਾਂ ਰੋਕਣ ਲਈ, 278 ਉੱਡਣ ਦਸਤੇ ਬਣਾਏ ਗਏ।
- ਸੀਮਾ ਸੁਰੱਖਿਆ ਬਲ, ਪੰਜਾਬ ਫਰੰਟੀਅਰ ਵੱਲੋਂ ਅੱਜ ਅੰਮ੍ਰਿਤਸਰ ਵਿੱਚ "ਬਾਰਡਰ-ਮੈਨ ਮੈਰਾਥਨ -2025" ਦਾ ਆਯੋਜਨ

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਭਾਰਤ, ਆਰਟੀਫਿਸ਼ਲ ਇੰਟੈਲੀਜੈਂਸ ਦੇ ਖੇਤਰ ਵਿੱਚ ਤੇਜ਼ੀ ਨਾਲ ਇੱਕ ਮਜ਼ਬੂਤ ਪਛਾਣ ਬਣਾ ਰਿਹਾ ਏ। ਅੱਜ ਆਕਾਸ਼ਵਾਣੀ 'ਤੇ ਆਪਣੇ' ਮਨ ਕੀ ਬਾਤ 'ਪ੍ਰੋਗਰਾਮ ਰਾਹੀਂ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਸ਼੍ਰੀ ਮੋਦੀ ਨੇ ਕਿਹਾ ਕਿ ਨਵੀਂ ਤਕਨੋਲੋਜੀਆਂ ਨੂੰ ਅਪਣਾਉਣ ਵਿੱਚ, ਭਾਰਤ ਦੇ ਲੋਕ ਕਿਸੇ ਤੋਂ ਪਿੱਛੇ ਨਹੀਂ ਹਨ।

BYTE:

ਉਨ੍ਹਾਂ ਮਾਣ ਪ੍ਰਗਟਾਇਆ ਕਿ ਦੇਸ਼ ਨੇ ਪਿਛਲੇ ਮਹੀਨੇ ਇਸਰੋ ਰਾਹੀਂ ਆਪਣਾ 100ਵਾਂ ਰਾਕੇਟ ਦਾਗਿਆ। ਉਨ੍ਹਾਂ ਕਿਹਾ ਕਿ ਇਹ ਦਰਸਾਉਂਦਾ ਏ ਕਿ ਰਾਸ਼ਟਰ, ਪੁਲਾੜ ਵਿਗਿਆਨ ਵਿੱਚ, ਹਰ ਰੋਜ਼ ਨਵੀਆਂ ਉਚਾਈਆਂ ਨੂੰ ਪਾਰ ਕਰ ਰਿਹਾ ਏ। ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਲਗਭਗ 460 ਉਪਗ੍ਰਹਿ ਛਡੇ ਗਏ ਨੇ , ਜਿਨ੍ਹਾਂ ਵਿੱਚ ਹੋਰ ਦੇਸ਼ਾਂ ਦੇ ਉਪਗ੍ਰਹਿ ਵੀ ਸ਼ਾਮਲ ਨੇ। ਪ੍ਰਧਾਨ ਮੰਤਰੀ ਨੇ ਪੁਲਾੜ ਵਿਗਿਆਨੀਆਂ ਦੀ ਟੀਮ ਵਿੱਚ ਨਾਰੀ ਸ਼ਕਤੀ ਦੀ ਵਧ ਰਹੀ ਭਾਗੀਦਾਰੀ 'ਤੇ ਵੀ ਤਸੱਲੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਅੱਜ ਪ੍ਰਾਈਵੇਟ ਸੈਕਟਰ ਵਿੱਚ ਸਟਾਰਟ-ਅੱਪਸ ਅਤੇ ਪ੍ਰਾਈਵੇਟ ਸਪੇਸ ਕੰਪਨੀਆਂ ਦੀ ਗਿਣਤੀ 100 ਨੂੰ ਪਾਰ ਕਰ ਗਈ ਏ। ਸ਼੍ਰੀ ਮੋਦੀ ਨੇ 8 ਮਾਰਚ ਨੂੰ ਅੰਤਰ-ਰਾਸ਼ਟਰੀ ਮਹਿਲਾ ਦਿਵਸ ਮਨਾਉਣ ਬਾਰੇ ਵੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਇਹ ਮਹਿਲਾ ਸ਼ਕਤੀ ਨੂੰ ਸਲਾਮ ਕਰਨ ਦਾ ਵਿਸ਼ੇਸ਼ ਮੌਕਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਹੰਸਾ ਮਹਿਤਾ ਨੇ ਸਾਡੇ ਰਾਸ਼ਟਰੀ ਝੰਡੇ ਦੇ ਨਿਰਮਾਣ ਤੋਂ ਲੈ ਕੇ ਇਸ ਲਈ ਕੀਤੀਆਂ ਕੁਰਬਾਨੀਆਂ ਤੱਕ ਦੇਸ਼ ਭਰ ਵਿੱਚ ਮਹਿਲਾਵਾਂ ਦੇ ਯੋਗਦਾਨ ਨੂੰ ਉਜਾਗਰ ਕੀਤਾ ਸੀ। ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ ਇਸ ਵਾਰ

ਮਹਿਲਾ ਦਿਵਸ 'ਤੇ ਇੱਕ ਪਹਿਲ ਕਰਨ ਜਾ ਰਹੇ ਨੇ  ਜੋ ਸਾਡੀ ਨਾਰੀ ਸ਼ਕਤੀ ਨੂੰ ਸਮਰਪਿਤ ਹੋਵੇਗੀ।

BYTE:

ਪ੍ਰਧਾਨ ਮੰਤਰੀ ਨੇ ਉੱਤਰਾਖੰਡ ਵਿੱਚ ਰਾਸ਼ਟਰੀ ਖੇਡਾਂ ਬਾਰੇ ਵੀ ਗੱਲ ਕੀਤੀ । ਉਨ੍ਹਾਂ ਕਿਹਾ ਕਿ ਇਸ ਸਮਾਗਮ ਨੇ ਦੇਵਭੂਮੀ ਦਾ ਇੱਕ ਨਵਾਂ ਚਿਹਰਾ ਪੇਸ਼ ਕੀਤਾ। ਸ਼੍ਰੀ ਮੋਦੀ ਨੇ ਸੈਨਾ ਦੀ ਟੀਮ ਨੂੰ ਸਭ ਤੋਂ ਵੱਧ ਸੋਨ ਤਮਗੇ  ਜਿੱਤਣ ਲਈ ਵਧਾਈ ਦਿੱਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਹਰ ਅੱਠ ਵਿੱਚੋਂ ਇੱਕ ਵਿਅਕਤੀ ਮੋਟਾਪੇ ਦੀ ਸਮੱਸਿਆ ਤੋਂ ਪੀੜਤ ਏ   । ਬੀਤੇ ਸਾਲਾਂ ਵਿੱਚ ਮੋਟਾਪੇ ਦੇ ਮਾਮਲੇ ਦੁੱਗਣੇ ਹੋ ਗਏ ਹਨ ਅਤੇ ਚਿੰਤਾ ਦੀ ਗੱਲ ਇਹ ਏ  ਕਿ ਬੱਚਿਆਂ ਵਿੱਚ ਮੋਟਾਪੇ ਦੀ ਸਮੱਸਿਆ ਵੀ ਚਾਰ ਗੁਣਾ ਵਧ ਗਈ ਏ । ਉਨ੍ਹਾਂ ਕਿਹਾ ਕਿ ਲੋਕ ਆਪਣੇ ਖਾਣ-ਪੀਣ ਦੀਆਂ ਆਦਤਾਂ ਵਿੱਚ ਕੁੱਝ ਤਬਦੀਲੀਆਂ ਕਰਕੇ, ਤੰਦਰੁਸਤ ਰਹਿ ਸਕਦੇ ਹਨ ਅਤੇ ਬਿਮਾਰੀਆਂ ਤੋਂ ਬਚ ਸਕਦੇ ਨੇ । 'ਮਨ ਕੀ ਬਾਤ "ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਓਲੰਪਿਕ ਤਮਗਾ ਜੇਤੂ ਨੀਰਜ ਚੋਪੜਾ ਦਾ ਮੋਟਾਪੇ ਬਾਰੇ ਵਿਸ਼ੇਸ਼ ਸੰਦੇਸ਼ ਵੀ ਸਾਂਝਾ ਕੀਤਾ ।

**BYTE:**

ਆਪਣੇ ਸੰਬੋਧਨ ਦੇ ਅਖੀਰ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣ ਵਾਲੇ ਪ੍ਰੀਖਿਆ ਯੋਧਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

---

ਪੰਜਾਬ ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਦੱਸਿਆ ਕਿ ਤਰਨਤਾਰਨ, ਜ਼ਿਲ੍ਹਾ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਤਲਵਾੜਾ ਦੀਆਂ ਨਗਰ ਕੌਂਸਲਾਂ ਦੀਆਂ ਆਮ ਚੋਣਾਂ ਲਈ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ ਤੋਂ ਬਾਅਦ 191 ਉਮੀਦਵਾਰ ਹੀ ਚੋਣ ਮੈਦਾਨ ਵਿੱਚ ਰਹਿ ਗਏ ਨੇ। ਉਨ੍ਹਾਂ ਦੱਸਿਆ ਕਿ ਚੋਣਾਂ ਲਈ ਨਾਮਜ਼ਦਗੀਆਂ ਵਾਪਸ ਲੈਣ ਤੋਂ ਬਾਅਦ ਚੋਣ ਮੈਦਾਨ ਵਿੱਚ ਬਾਕੀ ਬਚੇ ਉਮੀਦਵਾਰਾਂ ਦੀ ਗਿਣਤੀ ਤਰਨ ਤਾਰਨ ਵਿਚ 113, ਡੇਰਾ ਬਾਬਾ ਨਾਨਕ ਵਿਚ 37 ਅਤੇ ਤਲਵਾੜਾ ਵਿਚ 41 ਏ। ਦੱਸਣਯੋਗ ਹੀ ਕਿ ਵੋਟਾਂ 2 ਮਾਰਚ ਨੂੰ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ

ਪੈਣਗੀਆਂ, ਜਦੋਂਕਿ ਵੋਟਾਂ ਦੀ ਗਿਣਤੀ ਵੋਟਾਂ ਪੈਣ ਮਗਰੋਂ ਉਸੇ ਦਿਨ ਪੋਲਿੰਗ ਸਟੇਸ਼ਨ 'ਤੇ ਹੀ ਕੀਤੀ ਜਾਵੇਗੀ।

---------------------------------------------------------------

ਪੰਜਾਬ ਤੋਂ ਅੰਤਰ-ਰਾਸ਼ਟਰੀ ਪਰਵਾਸ ਅਤੇ ਅਮਰੀਕਾ ਤੋਂ ਮਜ਼ਦੂਰਾਂ ਦੇ ਦੇਸ਼ ਨਿਕਾਲੇ 'ਤੇ ਕੇਂਦਰਿਤ ਦੋ ਰੋਜ਼ਾ ਸੈਮੀਨਾਰ ਅੱਜ ਐਨ.ਆਰ.ਆਈ ਸਭਾ ਜਲੰਧਰ ਵਿਖੇ ਸਮਾਪਤ ਹੋ ਗਿਆ । ਦੁਨੀਆ ਭਰ ਦੇ ਵਿਦਵਾਨਾਂ, ਮਾਹਿਰਾਂ ਅਤੇ ਨੇਤਾਵਾਂ ਦੇ ਇੱਕ ਪੈਨਲ ਨੇ ਵਿਸ਼ੇ 'ਤੇ ਚਰਚਾ ਕੀਤੀ। ਇਹ ਸਮਾਗਮ ਵਿਚ ਪ੍ਰਵਾਸੀ ਭਾਰਤੀਆਂ ਦੀ ਮੌਜੂਦਗੀ ਰਹੀ, ਜੋ ਆਪਣੇ ਪਿੰਡਾਂ ਵਿੱਚ ਜ਼ਮੀਨੀ ਪੱਧਰ ਦੇ ਵਿਕਾਸ ਲਈ ਸਰਗਰਮੀ ਨਾਲ ਵਚਨਬੱਧ ਨੇ । ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਧਾਲੀਵਾਲ ਨੇ, ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਪ੍ਰਵਾਸੀ ਭਾਰਤੀਆਂ ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਮੰਤਰੀ ਨੇ ਕਿਹਾ ਕਿ ਉਹ ਚਿੰਤਤ ਨੇ ਅਤੇ ਮੰਤਰਾਲੇ ਵਿੱਚ ਆਪਣੀ ਭੂਮਿਕਾ ਨਿਭਾਉਣ ਲਈ ਵਚਨਬੱਧ ਨੇ । ਕੁੱਲ 6 ਸੈਸ਼ਨਾਂ ਵਿੱਚ ਉੱਘੇ ਬੁਲਾਰਿਆਂ ਨੇ ਅੰਤਰ-ਰਾਸ਼ਟਰੀ ਪਰਵਾਸ ਦੇ ਕਾਰਨ ਪੇਸ਼ ਕੀਤੇ । ਸਾਰੇ ਮਾਹਰ

ਇਸ ਗੱਲ ਨਾਲ ਸਹਿਮਤ ਹੋਏ ਕਿ ਪਰਵਾਸ ਆਪਣੇ ਆਪ ਵਿੱਚ ਕੋਈ ਬਿਮਾਰੀ ਨਹੀਂ ਏ , ਸਗੋਂ ਇਹ ਵੱਡੀ ਸਮਾਜਿਕ-ਆਰਥਿਕ ਅਤੇ ਖੇਤੀ ਸੰਕਟ ਦਾ ਲੱਛਣ ਏ । ਇਸ ਮੌਕੇ ਪ੍ਰਮੁੱਖ ਵਿਦਵਾਨਾਂ ਵਿੱਚ ਪ੍ਰੋ: ਰੌਣਕੀ ਰਾਮ, ਡਾ: ਲਖਵਿੰਦਰ ਗਿੱਲ, ਡਾ: ਜਗਰੂਪ ਸਿੰਘ ਸੇਖੋਂ, ਪ੍ਰੋ: ਜਗਮੋਹਨ ਸਿੰਘ, ਅਤਿੰਦਰ-ਪਾਲ ਕੌਰ, ਪ੍ਰੋ: ਬਾਵਾ ਸਿੰਘ, ਅਮੀਰ ਮਲਿਕ ਸ਼ਾਮਿਲ ਹੋਏ ।ਐਨ.ਆਰ.ਆਈ ਸਭਾ ਦੀ ਪ੍ਰਧਾਨ ਪਰਵਿੰਦਰ ਕੌਰ ਨੇ ਕਿਹਾ ਕਿ ਸੈਮੀਨਾਰ ,ਸਕਾਰਾਤਮਕ ਰਿਹਾ ,ਜਿਸ ਵਿੱਚ ਟਿਕਾਊ ਵਿਕਾਸ ਅਤੇ ਸੱਭਿਆਚਾਰਕ ਸੰਭਾਲ ਨੂੰ ਉਤਸ਼ਾਹਿਤ ਕਰਨ ਲਈ ਪ੍ਰਵਾਸੀ ਭਾਰਤੀਆਂ ਅਤੇ ਪੰਜਾਬ ਅਧਾਰਤ ਸੰਸਥਾਵਾਂ ਦਰਮਿਆਨ ਨਿਰੰਤਰ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ ।

---------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸੂਬੇ ਵਿੱਚ 8ਵੀਂ, 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਨਕਲ ਨੂੰ ਪੂਰੀ ਤਰ੍ਹਾਂ ਰੋਕਣ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 278 ਉੱਡਣ ਦਸਤੇ ਬਣਾਏ ਗਏ ਹਨ ਅਤੇ ਹਰੇਕ ਟੀਮ ਵਿੱਚ ਤਿੰਨ

ਮੈਂਬਰ ਹੋਣਗੇ। ਬੋਰਡ ਪ੍ਰੀਖਿਆਵਾਂ ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਕਰਵਾਉਣ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਓਹਨਾ ਕਿਹਾ ਕਿ ਇਨ੍ਹਾਂ ਉੱਡਣ ਦਸਤਿਆਂ ਦੀ ਅਗਵਾਈ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ, ਪ੍ਰਿੰਸੀਪਲਾਂ, ਸਿੱਖਿਆ ਬੋਰਡ ਦੇ ਮੈਂਬਰਾਂ ਅਤੇ ਬੋਰਡ ਦੀ ਅਕਾਦਮਿਕ ਕੌਂਸਲ ਦੇ ਮੈਂਬਰਾਂ ਵੱਲੋਂ ਕੀਤੀ ਜਾਵੇਗੀ। ਇਹ ਟੀਮਾਂ ਨਕਲ ਨੂੰ ਰੋਕਣ ਲਈ ਪ੍ਰੀਖਿਆ ਕੇਂਦਰਾਂ ਦੀ ਅਚਨਚੇਤ ਚੈਕਿੰਗ ਕਰਨਗੀਆਂ।

---------------------------------------------------

ਬਟਾਲਾ ਪੁਲਿਸ ਨੇ ਇੱਕ ਵੱਡੀ ਸਫਲਤਾ ਹਾਸਲ ਕਰਦੇ ਹੋਏ ਅਮਰੀਕਾ ਸਥਿਤ ਇੱਕ ਵਿਅਕਤੀ ਵਲੋਂ ਚਲਾਏ ਜਾ ਰਹੇ ਫਿਰੌਤੀ ਰੈਕੇਟ ਦਾ ਪਰਦਾਫਾਸ਼ ਕੀਤਾ ਏ ਅਤੇ ਫਿਰੌਤੀ ਵਿੱਚ ਸ਼ਾਮਲ ਪੰਜਾਬ ਪੁਲਿਸ ਦੇ ਇੱਕ ਸਹਾਇਕ ਸਬ ਇੰਸਪੈਕਟਰ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਏ ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਕਲਾਨੌਰ ਸਥਿਤ ਵਪਾਰੀ ਦੇ ਪੈਟਰੋਲ ਪੰਪ 'ਤੇ ਜਬਰੀ ਵਸੂਲੀ ਲਈ ਕੀਤੀ ਗੋਲੀਬਾਰੀ ਦੀ ਵਾਰਦਾਤ

'ਚ ਸ਼ਾਮਲ ਕੁਝ ਵਿਅਕਤੀਆਂ ਨੇ ਫਾਇਰਿੰਗ ਕਰ ਦਿੱਤੀ । ਉਨ੍ਹਾਂ ਨੇ ਵਿਦੇਸ਼ੀ ਨੰਬਰਾਂ ਤੋਂ ਲਗਾਤਾਰ ਧਮਕੀ ਭਰੀ ਕਾਲ ਕੀਤੀ ਅਤੇ ਕਾਰੋਬਾਰੀ ਤੋਂ ਇਕ ਕਰੋੜ ਰੁਪਏ ਦੀ ਮੰਗ ਕੀਤੀ।

**BYTE:**

ਏ.ਐਸ.ਆਈ ਸੁਰਜੀਤ ਸਿੰਘ ਦੇ ਨਾਲ ਗ੍ਰਿਫ਼ਤਾਰ ਕੀਤਾ ਗਿਆ ਇੱਕ ਹੋਰ ਵਿਅਕਤੀ ਅੰਕੁਸ ਮੈਣੀ ਏ । ਇਨ੍ਹਾਂ ਦੇ ਕਬਜ਼ੇ 'ਚੋਂ ਇਕ ਪਿਸਤੌਲ ਵੀ ਬਰਾਮਦ ਹੋਇਆ ਏ ।

---------------------------------------------------

ਸੀਮਾ ਸੁਰੱਖਿਆ ਬਲ, ਪੰਜਾਬ ਫਰੰਟੀਅਰ ਵੱਲੋਂ ਅੱਜ ਅੰਮ੍ਰਿਤਸਰ ਵਿੱਚ "ਬਾਰਡਰਮੈਨ ਮੈਰਾਥਨ - 2025" ਦਾ ਆਯੋਜਨ ਕੀਤਾ ਗਿਆ। ਬੀ.ਐਸ.ਐਫ ਦੇ ਡਾਇਰੈਕਟਰ ਜਨਰਲ ਦਲਜੀਤ ਸਿੰਘ ਚੌਧਰੀ ਨੇ, ਬੀ.ਐਸ.ਐਫ ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ ਡਾ: ਅਤੁਲ ਫੁਲਜ਼ਲੇ ਦੇ ਨਾਲ ਸਵੇਰੇ ਗੋਲਡਨ ਗੇਟ ਤੋਂ ਮੈਰਾਥਨ ਨੂੰ ਝੰਡੀ ਦੇ ਕੇ ਰਵਾਨਾ ਕੀਤਾ ।ਮੈਰਾਥਨ ਦਾ ਵਿਸ਼ਾ Hand in Hand With Border Population ਰੱਖਿਆ ਗਿਆ । ਇਸ ਮੈਰਾਥਨ ਦੀਆਂ ਤਿੰਨ ਸ਼੍ਰੇਣੀਆਂ

ਵਿੱਚ ਦੇਸ਼ ਭਰ ਦੇ 5200 ਪੇਸ਼ੇਵਰ ਅਤੇ ਸ਼ੁਕੀਨ ਦੌੜਾਕਾਂ ਸਮੇਤ ਵੱਖ-ਵੱਖ ਕੇਂਦਰੀ ਪੁਲਿਸ ਬਲਾਂ, ਫੌਜ, ਪੰਜਾਬ ਪੁਲਿਸ ਅਤੇ ਮਰਦ ਤੇ ਔਰਤਾਂ ਸਮੇਤ 18 ਸਾਲ ਤੋਂ ਵੱਧ ਉਮਰ ਦੇ ਨਾਗਰਿਕ ਅਤੇ ਵਿਦੇਸ਼ਾਂ ਤੋਂ ਐਥਲੀਟਾਂ ਨੇ ਹਿੱਸਾ ਲਿਆ। ਮੈਰਾਥਨ ਅਟਾਰੀ ਸਾਂਝੀ ਚੈੱਕ ਪੋਸਟ 'ਤੇ ਸਮਾਪਤ ਹੋਈ, ਜਿੱਥੇ ਡੀ.ਜੀ ਨੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਮੈਡਲ ਅਤੇ ਸਰਟੀਫਿਕੇਟ ਦਿੱਤੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ.ਜੀ. ਦਲਜੀਤ ਸਿੰਘ ਚੌਧਰੀ ਨੇ ਨੌਜਵਾਨਾਂ ਨੂੰ ਨਸ਼ਿਆਂ ਨੂੰ ਨਾਂਹ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨਾਂ ਨੂੰ ਨਾ ਸਿਰਫ਼ ਚੰਗੇ ਖਿਡਾਰੀ ਬਣਨ ਲਈ ਪ੍ਰੇਰਿਤ ਕਰਨਗੇ, ਸਗੋਂ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਜਜ਼ਬਾ ਅਤੇ ਜਜ਼ਬਾ ਦਿਖਾਉਣ ਦੀ ਸਮਰੱਥਾ ਵੀ ਪੈਦਾ ਕਰਨਗੇ।

**BYTE:**

ਇਸ ਮੈਰਾਥਨ ਨੂੰ ਭਾਰਤੀ ਅਥਲੈਟਿਕਸ ਫੈਡਰੇਸ਼ਨ ਵਲੋਂ ਮਾਨਤਾ ਪ੍ਰਾਪਤ ਏ ।

--------------------------------------------------------------------

ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਕ੍ਰਾਂਤੀਕਾਰੀ ਤੇ ਯਤਨਸ਼ੀਲ ਏ । ਬਠਿੰਡਾ ਸਥਿਤ ਬਾਬਾ ਫਰੀਦ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ 10ਵੇਂ ਅੰਤਰ-ਰਾਸ਼ਟਰੀ ਮੇਲੇ 'ਵਿਬ-ਗਿਓਰ-25' 'ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਉਨ੍ਹਾਂ ਇਹ ਗੱਲ ਕਹਿ । ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਸ ਦਾ ਮੰਤਵ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਪ੍ਰਬੰਧਨ ਅਤੇ ਤਕਨਾਲੋਜੀ ਦੇ ਪੱਖ ਤੋਂ ਵਿਸ਼ਵ ਪੱਧਰੀ ਗਿਆਨ, ਤਕਨੀਕ ਬਾਰੇ ਜਾਣੂ ਕਰਵਾਉਣ ਤੋਂ ਇਲਾਵਾ ਭਾਰਤ ਅਤੇ ਵਿਦੇਸ਼ਾਂ ਦੇ ਸੱਭਿਆਚਾਰ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਏ ।

--------------------------------------------------------------------

ਸਿਹਤ ਵਿਭਾਗ ਅਤੇ ਫ਼ਰੀਦਕੋਟ ਸਾਈਕਲਿੰਗ ਗਰੁੱਪ ਵੱਲੋਂ ਕਰਵਾਏ ਗਏ ਈਟ ਰਾਈਟ ਇੰਡੀਆ ਸਾਈਕਲਥੋਨ ਕਾਰਵਾਈ ਗਈ । ਵਿਧਾਇਕ ਗੁਰਦਿੱਤ ਸਿੰਘ ਸੇਖੋ ਨੇ ਇਸਨੂੰ ਝੰਡੀ ਦੇ ਕੇ ਰਵਾਨਾ ਕੀਤਾ ਅਤੇ ਉਨ੍ਹਾਂ

ਖੁਦ ਵੀ ਇਸ ਸਾਈਕਲਥੋਨ ਵਿੱਚ ਭਾਗ ਲਿਆ।ਉਨ੍ਹਾਂ ਕਿਹਾ ਕਿ ਜੇਕਰ ਸਾਡਾ ਸਰੀਰ ਤੰਦਰੁਸਤ ਨਹੀਂ ਏ ਤਾਂ ਅਸੀਂ ਜ਼ਿੰਦਗੀ ਦਾ ਕੋਈ ਆਨੰਦ ਨਹੀਂ ਮਾਣ ਸਕਦੇ । ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਕਿਹਾ ਉਨ੍ਹਾਂ ਕਿਹਾ ਕਿ ਸਰੀਰ ਨੂੰ ਤੰਦਰੁਸਤ ਰੱਖਣ ਲਈ ਸਾਈਕਲਿੰਗ, ਸੈਰ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਬਾਬਾ ਫਰੀਦ ਸੱਭਿਆਚਾਰਕ ਕੇਂਦਰ ਵਿਖੇ 28 ਫਰਵਰੀ ਨੂੰ ਈਟ ਰਾਈਟ ਮੇਲੇ ਦਾ ਆਯੋਜਨ ਵੀ ਕੀਤਾ ਜਾ ਰਿਹਾ ਏ , ਜੋ ਕਿ ਲੋਕਾਂ ਵਿੱਚ ਚੰਗਾ ਖਾਣ ਪੀਣ ਨੂੰ ਉਤਸ਼ਾਹਿਤ ਕਰਨ ਲਈ ਮਨਾਇਆ ਜਾ ਰਿਹਾ ਏ । ਨੁੱਕੜ ਨਾਟਕ, ਸਭਿਆਚਾਰਕ ਪ੍ਰੋਗਰਾਮ, ਪੌਸ਼ਟਿਕ ਭੋਜਨ ਦੇ ਫੂਡ ਸਟਾਲ, ਫੂਡ ਸੇਫਟੀ ਆਨ ਵੀਲਸ ਪ੍ਰਦਰਸ਼ਨੀ ਅਤੇ ਸਕੂਲੀ ਬੱਚਿਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਮੇਲੇ ਦਾ ਆਕਰਸ਼ਣ ਹੋਣਗੇ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਉਹ ਇਸ ਮੇਲੇ ਦਾ ਹਿੱਸਾ ਬਣ ਕੇ ਸਿਹਤ ਸੰਭਾਲ ਸਬੰਧੀ ਜਾਣਕਾਰੀ ਪ੍ਰਾਪਤ ਕਰਨ।

---

<u>**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਆਪਣੇ' ਮਨ ਕੀ ਬਾਤ 'ਪ੍ਰੋਗਰਾਮ ਰਾਹੀਂ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ -ਕਿਹਾ ਭਾਰਤ ਆਰਟੀਫਿਸ਼ਲ ਇੰਟੈਲੀਜੈਂਸ ਦੇ ਖੇਤਰ ਵਿੱਚ ਤੇਜ਼ੀ ਨਾਲ ਆਪਣੀ ਪਛਾਣ ਬਣਾ ਰਿਹਾ ਏ।
- ਪ੍ਰਧਾਨ ਮੰਤਰੀ ਨੇ ਕਿਹਾ -ਹਰ ਖੇਤਰ ਵਿੱਚ ਮਹਿਲਾਵਾਂ ਦਾ ਯੋਗਦਾਨ ਜ਼ਿਕਰਯੋਗ ਏ ।
- ਤਰਨਤਾਰਨ, ਡੇਰਾ ਬਾਬਾ ਨਾਨਕ ਅਤੇ ਤਲਵਾੜਾ ਵਿਚ ਨਗਰ ਕੌਂਸਲਾਂ ਦੀਆਂ ਆਮ ਚੋਣਾਂ ਲਈ ਕੁੱਲ 191 ਉਮੀਦਵਾਰ ਚੋਣ ਮੈਦਾਨ ‘ਚ।
- ਪੰਜਾਬ ਤੋਂ ਅੰਤਰ-ਰਾਸ਼ਟਰੀ ਪਰਵਾਸ ਅਤੇ ਅਮਰੀਕਾ ਤੋਂ ਮਜ਼ਦੂਰਾਂ ਦੇ ਦੇਸ਼ ਨਿਕਾਲੇ 'ਤੇ ਕੇਂਦਰਿਤ ਦੋ ਰੋਜ਼ਾ ਸੈਮੀਨਾਰ ਅੱਜ ਐਨ.ਆਰ.ਆਈ ਸਭਾ ਜਲੰਧਰ ਵਿਖੇ ਸਮਾਪਤ ਹੋ ਗਿਆ।
- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੋਰਡ ਪ੍ਰੀਖਿਆਵਾਂ ਵਿੱਚ ਨਕਲ ਨੂੰ ਪੂਰੀ ਤਰ੍ਹਾਂ ਰੋਕਣ ਲਈ, 278 ਉੱਡਣ ਦਸਤੇ ਬਣਾਏ ਗਏ।

- ਸੀਮਾ ਸੁਰੱਖਿਆ ਬਲ, ਪੰਜਾਬ ਫਰੰਟੀਅਰ ਵੱਲੋਂ ਅੱਜ ਅੰਮ੍ਰਿਤਸਰ ਵਿੱਚ "ਬਾਰਡਰ-ਮੈਨ ਮੈਰਾਥਨ -2025" ਦਾ ਆਯੋਜਨ